# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :01-10-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਰਾਸ਼ਟਰੀ ਸਵੈਮ ਸੇਵਕ ਸੰਘ ਦੇ ਸ਼ਤਾਬਦੀ ਸਮਾਰੋਹਾਂ ਵਿੱਚ ਹਿੱਸਾ ਲਿਆ ਅਤੇ ਇਕ ਯਾਦਗਾਰੀ ਡਾਕ ਟਿਕਟ ਤੇ ਸਿੱਕਾ ਵੀ ਜਾਰੀ ਕੀਤਾ।
- ਕੇਂਦਰੀ ਮੰਤਰੀ ਮੰਡਲ ਵਲੋਂ ਕਈ ਅਹਿਮ ਫੈਸਲੇ- ਕੇਂਦਰ ਸਰਕਾਰ ਦੇ ਕਰਮਚਾਰੀਆਂ ਲਈ ਮਹਿੰਗਾਈ ਭੱਤੇ ਅਤੇ ਪੈਨਸ਼ਨਰਾਂ ਲਈ ਮਹਿੰਗਾਈ ਰਾਹਤ ਵਿੱਚ ਤਿੰਨ ਫੀਸਦੀ ਵਾਧੇ ਅਤੇ ਦਾਲਾਂ ਵਿੱਚ ਆਤਮ -ਨਿਰਭਰਤਾ ਮਿਸ਼ਨ ਨੂੰ ਮਨਜ਼ੂਰੀ ।
- ਕੇਂਦਰੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਨੇ ਕਿਹਾ -ਕੇਂਦਰ ਸਰਕਾਰ ਹੜ੍ਹਾਂ ਦਾ ਸਾਹਮਣਾ ਕਰਨ ਤੋਂ ਬਾਅਦ ਪੰਜਾਬ 'ਚ

ਹਾਲਾਤ ਮੁੜ ਆਮ ਵਾਂਗ ਕਰਨ ਵਿੱਚ ਕੋਈ ਕਸਰ ਨਹੀਂ ਛੱਡ ਰਹੀ ਏ।

- ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਪੰਜਾਬ ਦੀ ਪੇਂਡੂ ਪ੍ਰਤਿਭਾ ਅਤੇ ਮਹਿਲਾ ਸਸ਼ਕਤੀਕਰਨ ਨੂੰ ਉਤਸ਼ਾਹਿਤ ਕਰਨ ਲਈ "ਪਹਿਲ ਮਾਰਟ" ਦਾ ਉਦਘਾਟਨ।
- ਉੱਤਰੀ ਰੇਲਵੇ ਨੇ ਤਿਉਹਾਰਾਂ ਦੇ ਸੀਜ਼ਨ ਤੋਂ ਪਹਿਲਾਂ ਮੁਸਾਫ਼ਰਾਂ ਦੀ ਸਹੂਲਤ ਲਈ ਕੱਲ੍ਹ ਤੋਂ 8 ਅਕਤੂਬਰ ਤੱਕ, ਜੰਮੂ ਤੋਂ 16 ਰੇਲਗੱਡੀਆਂ ਮੁੜ ਸ਼ੁਰੂ ਕਰਨ ਦਾ ਕੀਤਾ ਐਲਾਨ।

## ਹੁਣ ਖਬਰਾਂ ਵਿਸਥਾਰ ਨਾਲ

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਰਾਸ਼ਟਰੀ ਸਵੈਮ ਸੇਵਕ ਸੰਘ (RSS) ਦੇ ਸ਼ਤਾਬਦੀ ਸਮਾਰੋਹਾਂ ਵਿੱਚ ਹਿੱਸਾ ਲਿਆ। ਸ਼ਤਾਬਦੀ ਸਮਾਰੋਹ RSS ਦੀ ਵਿਰਾਸਤ, ਇਸਦੇ ਸੱਭਿਆਚਾਰਕ ਯੋਗਦਾਨ ਅਤੇ ਦੇਸ਼ ਦੀ ਏਕਤਾ ਵਿੱਚ ਇਸਦੀ ਭੂਮਿਕਾ ਨੂੰ ਉਜਾਗਰ ਕਰਦੇ ਨੇ। ਇਕੱਠ ਨੂੰ ਸੰਬੋਧਨ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ RSS ਰਾਸ਼ਟਰ ਨਿਰਮਾਣ ਲਈ ਕੰਮ ਕਰ ਰਿਹਾ ਏ। ਉਨ੍ਹਾਂ ਕਿਹਾ, 100

ਸਾਲ ਪਹਿਲਾਂ ਇਸ ਮਹਾਨ ਦਿਨ 'ਤੇ ਇੱਕ ਸੰਗਠਨ ਵਜੋਂ RSS ਦੀ ਸਥਾਪਨਾ ਸਿਰਫ਼ ਇੱਕ ਸੰਜੋਗ ਨਹੀਂ ਸੀ, ਸਗੋਂ ਹਜ਼ਾਰਾਂ ਸਾਲਾਂ ਤੋਂ ਚਲੀ ਆ ਰਹੀ ਇੱਕ ਰਿਵਾਇਤ ਦੀ ਸੁਰਜੀਤੀ ਸੀ ।

ਉਨ੍ਹਾਂ ਕਿਹਾ

BYTE

ਇਸ ਮੌਕੇ 'ਤੇ, ਪ੍ਰਧਾਨ ਮੰਤਰੀ ਨੇ ਇੱਕ ਵਿਸ਼ੇਸ਼ ਤੌਰ 'ਤੇ ਤਿਆਰ ਕੀਤਾ ਗਿਆ ਯਾਦਗਾਰੀ ਡਾਕ ਟਿਕਟ ਅਤੇ ਸਿੱਕਾ ਵੀ ਜਾਰੀ ਕੀਤਾ ਜੋ ਰਾਸ਼ਟਰ ਲਈ RSS ਦੇ ਯੋਗਦਾਨ ਨੂੰ ਉਜਾਗਰ ਕਰਦਾ ਏ।

---------------------------------------------------------------------------

ਕੇਂਦਰੀ ਮੰਤਰੀ ਮੰਡਲ ਨੇ, ਕੇਂਦਰ ਸਰਕਾਰ ਦੇ ਕਰਮਚਾਰੀਆਂ ਲਈ ਮਹਿੰਗਾਈ ਭੱਤੇ ਅਤੇ ਪੈਨਸ਼ਨਰਾਂ ਲਈ ਮਹਿੰਗਾਈ ਰਾਹਤ ਵਿੱਚ ਤਿੰਨ ਫੀਸਦੀ ਵਾਧੇ ਮਨਜ਼ੂਰੀ ਦੇ ਦਿੱਤੀ ਏ। ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਨਵੀਂ ਦਿੱਲੀ ਵਿੱਚ ਕੈਬਨਿਟ ਮੀਟਿੰਗ ਤੋਂ ਬਾਅਦ ਕਿਹਾ ਕਿ ਇਸ ਨਾਲ ਲਗਭਗ 49 ਲੱਖ 20 ਹਜ਼ਾਰ ਕੇਂਦਰੀ ਸਰਕਾਰੀ ਕਰਮਚਾਰੀਆਂ ਅਤੇ 68 ਲੱਖ 70 ਹਜ਼ਾਰ ਪੈਨਸ਼ਨਰਾਂ ਨੂੰ ਲਾਭ ਹੋਵੇਗਾ।

BYTE

ਇਹ ਵਾਧਾ ਇਸ ਸਾਲ ਪਹਿਲੀ ਜੁਲਾਈ ਤੋਂ ਲਾਗੂ ਹੋਵੇਗਾ।

-----------------------------------------------------------------------

ਕੇਂਦਰੀ ਮੰਤਰੀ ਮੰਡਲ ਨੇ ਦਾਲਾਂ ਵਿੱਚ ਆਤਮ -ਨਿਰਭਰਤਾ ਮਿਸ਼ਨ ਨੂੰ ਵੀ ਮਨਜ਼ੂਰੀ ਦੇ ਦਿੱਤੀ ਏ। ਇਹ ਇੱਕ ਇਤਿਹਾਸਕ ਪਹਿਲ ਏ ਜਿਸਦਾ ਉਦੇਸ਼, ਘਰੇਲੂ ਉਤਪਾਦਨ ਨੂੰ ਉਤਸ਼ਾਹਿਤ ਕਰਨਾ ਅਤੇ ਦਾਲਾਂ ਵਿੱਚ ਆਤਮ -ਨਿਰਭਰਤਾ ਪ੍ਰਾਪਤ ਕਰਨਾ ਏ। ਇਸ ਮਿਸ਼ਨ ਨੂੰ 2025-26 ਤੋਂ 2030-31 ਤੱਕ ਛੇ ਸਾਲਾਂ ਦੀ ਮਿਆਦ ਵਿੱਚ 11 ਹਜ਼ਾਰ 440 ਕਰੋੜ ਦੇ ਵਿੱਤੀ ਖਰਚ ਨਾਲ ਲਾਗੂ ਕੀਤਾ ਜਾਵੇਗਾ। ਭਾਰਤ ਦੇ ਫਸਲੀ ਪ੍ਰਣਾਲੀਆਂ ਅਤੇ ਖੁਰਾਕ ਵਿੱਚ ਦਾਲਾਂ ਦਾ ਵਿਸ਼ੇਸ਼ ਮਹੱਤਵ ਏ। ਸ਼੍ਰੀ ਵੈਸ਼ਨਵ ਨੇ ਦੱਸਿਆ ਕਿ ਦਾਲਾਂ ਮਿਸ਼ਨ 2030-31 ਤੱਕ ਉਤਪਾਦਨ ਨੂੰ 3 ਲੱਖ 50 ਹਜ਼ਾਰ ਟਨ ਤੱਕ ਵਧਾ ਦੇਵੇਗਾ। ਉਨ੍ਹਾਂ ਕਿਹਾ ਕਿ ਇਸ ਨਾਲ ਉਨੱਤ ਬੀਜਾਂ, ਵਾਢੀ ਤੋਂ ਬਾਅਦ ਦੇ ਬੁਨਿਆਦੀ ਢਾਂਚੇ ਅਤੇ ਯਕੀਨੀ ਖਰੀਦ ਰਾਹੀਂ 2 ਕਰੋੜ ਕਿਸਾਨਾਂ ਨੂੰ ਲਾਭ ਹੋਵੇਗਾ। ਸ਼੍ਰੀ ਵੈਸ਼ਨਵ ਨੇ ਕਿਹਾ ਕਿ ਦਾਲਾਂ ਦੀਆਂ ਨਵੀਆਂ ਉੱਚ-ਉਪਜ ਦੇਣ ਵਾਲੀਆਂ, ਕੀਟ-ਰੋਧਕ ਅਤੇ

ਜਲਵਾਯੂ-ਲਚਕੀਲੀਆਂ ਕਿਸਮਾਂ ਦੇ ਵਿਕਾਸ ਅਤੇ ਪ੍ਰਸਾਰ 'ਤੇ ਜ਼ੋਰ ਦਿੱਤਾ ਜਾਵੇਗਾ। 2026-27 ਦੇ ਮੰਡੀਕਰਨ ਸੀਜ਼ਨ ਲਈ ਸਾਰੀਆਂ ਲਾਜ਼ਮੀ ਹਾੜੀ ਫਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ ਵਿੱਚ ਵਾਧੇ ਨੂੰ ਵੀ ਮਨਜ਼ੂਰੀ ਦੇ ਦਿੱਤੀ ਗਈ ਏ। ਸ਼੍ਰੀ ਵੈਸ਼ਨਵ ਨੇ ਦੱਸਿਆ ਕਿ ਸਰਕਾਰ ਨੇ ਹਾੜੀ ਫਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ ਵਿੱਚ ਵਾਧਾ ਕੀਤਾ ਏ ਤਾਂ ਜੋ ਕਿਸਾਨਾਂ ਨੂੰ ਉਨ੍ਹਾਂ ਦੀ ਉਪਜ ਦਾ ਲਾਹੇਵੰਦ ਮੁੱਲ ਮਿਲੇ।

---------------------------------------------------------------------

ਕੇਂਦਰੀ ਰੇਲਵੇ ਅਤੇ ਖੁਰਾਕ ਪ੍ਰੋਸੈਸਿੰਗ ਉਦਯੋਗ ਰਾਜ ਮੰਤਰੀ ਰਵਨੀਤ ਸਿੰਘ ਨੇ ਕਿਹਾ ਕਿ ਕੇਂਦਰ ਸਰਕਾਰ ਹੜ੍ਹਾਂ ਦਾ ਸਾਹਮਣਾ ਕਰਨ ਤੋਂ ਬਾਅਦ ਪੰਜਾਬ ਵਿਚ ਹਾਲਤ ਮੁੜ ਆਮ ਵਾਂਗ ਕਰਨ ਵਿੱਚ ਕੋਈ ਕਸਰ ਨਹੀਂ ਛੱਡ ਰਹੀ ਏ। ਉਨ੍ਹਾਂ ਭਰੋਸਾ ਦਿੱਤਾ ਕਿ ਕੇਂਦਰ ਇਸ ਚੁਣੌਤੀਪੂਰਨ ਸਮੇਂ ਦੌਰਾਨ ਸਰਹੱਦੀ ਸੂਬੇ ਦੇ ਨਾਲ ਮਜ਼ਬੂਤੀ ਨਾਲ ਖੜ੍ਹਾ ਏ ਏ। ਇਸ ਗੱਲ 'ਤੇ ਜ਼ੋਰ ਦਿੰਦੇ ਹੋਏ ਕਿ ਰਾਜ ਵਿੱਚ ਹੜ੍ਹ ਰਾਹਤ ਅਤੇ ਮੁੜ ਵਸੇਬੇ ਲਈ ਕੇਂਦਰ ਵੱਲੋਂ ਫੰਡਾਂ ਦੀ ਕੋਈ ਕਮੀ ਨਹੀਂ ਏ, ਉਨ੍ਹਾਂ ਕਿਹਾ ਕਿ ਅਧਿਕਾਰਤ ਵੇਰਵਿਆਂ ਅਨੁਸਾਰ ਪੰਜਾਬ ਸਰਕਾਰ ਕੋਲ ਪਹਿਲਾਂ ਹੀ 12

ਹਜ਼ਾਰ 589 ਕਰੋੜ ਰੁਪਏ ਦਾ SDRF ਫੰਡ ਏ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਦੌਰੇ ਤੋਂ ਤੁਰੰਤ ਬਾਅਦ ਜਦੋਂ ਉਨ੍ਹਾਂ ਨੇ ਸ਼ੁਰੂਆਤੀ ਰਾਹਤ ਪੈਕੇਜ ਵਜੋਂ 1600 ਕਰੋੜ ਰੁਪਏ ਦਾ ਐਲਾਨ ਕੀਤਾ ਤਾਂ ਸੂਬੇ ਨੂੰ 805 ਕਰੋੜ ਰੁਪਏ ਵੀ ਜਾਰੀ ਕੀਤੇ ਗਏ ਸਨ। ਮੰਤਰੀ, ਜੋ ਕਿ ਸੁਲਤਾਪੁਰ ਲੋਧੀ ਦੇ ਸਭ ਤੋਂ ਵੱਧ ਪ੍ਰਭਾਵਿਤ ਪਿੰਡਾਂ ਵਿੱਚੋਂ ਇੱਕ, ਪਿੰਡ ਸਰੂਪਵਾਲਾ ਵਿੱਚ ਰਾਹਤ ਸਮੱਗਰੀ ਵੰਡਣ ਅਤੇ ਪ੍ਰਭਾਵਿਤ ਪਰਿਵਾਰਾਂ ਦੀਆਂ ਗੱਲਾਂ ਸੁਣਨ ਲਈ ਪਹੁੰਚੇ ਹੋਏ  ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਆਪਣੀ ਹੜ੍ਹ ਨੁਕਸਾਨ ਦੀ ਰਿਪੋਰਟ ਕੇਂਦਰੀ ਗ੍ਰਿਹ ਮੰਤਰਾਲੇ ਨੂੰ ਸੌਂਪਣੀ ਚਾਹੀਦੀ ਹੈ। ਫਿਰ ਕੇਂਦਰ ਆਪਣੇ ਖੁਦ ਦੇ ਮੁਲਾਂਕਣ ਨੂੰ ਰਾਜ ਦੀ ਰਿਪੋਰਟ ਨਾਲ ਮਿਲਾ ਦੇਵੇਗਾ ਅਤੇ ਵਾਧੂ ਫੰਡ ਮਨਜ਼ੂਰ ਕਰੇਗਾ। ਕੇਂਦਰੀ ਮੰਤਰੀ ਨੇ ਸਰੂਪਵਾਲਾ ਦੇ ਵਸਨੀਕਾਂ ਨੂੰ ਹੜ੍ਹ ਰਾਹਤ ਸਮੱਗਰੀ ਨਿੱਜੀ ਤੌਰ 'ਤੇ ਵੰਡੀ ਅਤੇ ਉਨ੍ਹਾਂ ਦੀਆਂ ਚਿੰਤਾਵਾਂ ਸੁਣੀਆਂ। ਉਨ੍ਹਾਂ ਨੇ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ BJP ਵੱਲੋਂ ਪਹਿਲੇ ਗੇੜ  ਵਿੱਚ ਕੀਤੇ ਜਾ ਰਹੇ ਰਾਹਤ ਕਾਰਜਾਂ ਦਾ ਜ਼ਿਕਰ ਕੀਤਾ। 39 ਵਿਧਾਨ ਸਭਾ ਹਲਕਿਆਂ, 105 ਮੰਡਲਾਂ ਅਤੇ 14 ਜ਼ਿਲ੍ਹਿਆਂ ਦੇ ਕੁੱਲ 1,209 ਪਿੰਡਾਂ ਦੀ

ਸਹਾਇਤਾ ਕੀਤੀ ਜਾ ਰਹੀ ਏ । ਰਾਹਤ ਸਮੱਗਰੀ ਦੇ 300 ਟਰੱਕ ਪਹਿਲਾਂ ਹੀ 31,000 ਪਰਿਵਾਰਾਂ ਤੱਕ ਪਹੁੰਚ ਚੁੱਕੇ ਹਨ। ਦੂਜੇ ਗੇੜ ਵਿੱਚ 1 ਲੱਖ 25 ਹਜ਼ਾਰ ਪਰਿਵਾਰਾਂ ਨੂੰ ਕਵਰ ਕੀਤਾ ਜਾਵੇਗਾ। ਮੈਡੀਕਲ ਕੈਂਪ ਸਰਗਰਮੀ ਨਾਲ ਆਯੋਜਿਤ ਕੀਤੇ ਜਾ ਰਹੇ ਹਨ, ਅਤੇ ਸਾਰੇ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਦਵਾਈਆਂ ਵੰਡੀਆਂ ਜਾ ਰਹੀਆਂ ਹਨ। ਰਾਹਤ ਸਮੱਗਰੀ ਲਈ ਵੰਡ ਕੇਂਦਰ ਵਜੋਂ ਕੰਮ ਕਰਨ ਲਈ ਜਲੰਧਰ ਵਿੱਚ ਅੱਠ ਗੋਦਾਮ ਸਥਾਪਤ ਕੀਤੇ ਗਏ ਹਨ। ਆਪਣੀ ਫੇਰੀ ਦੌਰਾਨ, ਕੇਂਦਰੀ ਮੰਤਰੀ ਨੇ ਸੁਲਤਾਨਪੁਰ ਲੋਧੀ ਦੇ ਗੁਰਦੁਆਰਾ ਬੇਰ ਸਾਹਿਬ ਵਿੱਚ ਵੀ ਮੱਥਾ ਟੇਕਿਆ।

---------------------------------------------------------------------------

ਪੰਜਾਬ ਦੇ ਮੁੱਖ ਮੰਤਰੀ, ਭਗਵੰਤ ਸਿੰਘ ਮਾਨ ਨੇ ਅੱਜ ਉਮੀਦ ਜਤਾਈ ਏ ਕਿ ਆਪਣੇ ਸਨਅਤ ਪੱਖੀ ਤੇ ਕਾਰੋਬਾਰ ਲਈ ਸੁਖਾਵੇਂ ਮਾਹੌਲ ਕਾਰਨ ਸੂਬਾ, ਦੇਸ਼ ਦੇ ਅਗਲੇ ਵਪਾਰਕ ਗੜ੍ਹ ਵਜੋਂ ਉੱਭਰੇਗਾ। ਅੱਜ ਰਾਜਪੁਰਾ’ਚ ਹਾਲੈਂਡ ਆਧਾਰਤ ਬਹੁ – ਰਾਸ਼ਟਰੀ ਕੰਪਨੀ, ਡੀ ਹਿਊਜ਼ ਦੇ ਪਸ਼ੂ ਫੀਡ ਪਲਾਂਟ ਦਾ ਉਦਘਾਟਨ ਕਰਦਿਆਂ, ਮੁੱਖ ਮੰਤਰੀ ਨੇ ਕਿਹਾ ਕਿ ਸੂਬਾ

ਸਰਕਾਰ ਨੇ, ਸਨਅਤੀ ਤਰੱਕੀ ਨੂੰ ਹੁਲਾਰਾ ਦੇਣ ਲਈ ਕਾਰੋਬਾਰ ਵਿੱਚ ਸੌਖ ਸਣੇ ਕਈ ਅਹਿਮ ਪਹਿਲਕਦਮੀਆਂ ਕੀਤੀਆਂ ਨੇ. ਉਨ੍ਹਾਂ ਕਿਹਾ ਕਿ ਪੰਜਾਬ ਹਮੇਸ਼ਾ ਤੋਂ ਮਿਹਨਤੀ, ਉੱਦਮੀ ਅਤੇ ਅਮੀਰ ਵਿਰਸੇ ਦੀ ਧਰਤੀ ਰਹੀ ਏ ਤੇ ਪੰਜਾਬ ਨੂੰ ਭਾਰਤ ਦਾ ਅਨਾਜ ਭੰਡਾਰ ਹੋਣ ਉੱਤੇ ਮਾਣ ਏ। ਓਹਨਾਂ ਇਹ ਵੀ ਕਿਹਾ ਕਿ ਪਿਛਲੇ ਤਿੰਨ ਸਾਲਾਂ ਵਿੱਚ ਪੰਜਾਬ ਦੇ ਸਨਅਤੀ ਸਫ਼ਰ ਵਿੱਚ ਵੱਡੀ ਤਬਦੀਲੀ ਆਈ ਏ, ਜਿਸ ਨਾਲ ਇਸ ਖ਼ੇਤਰ ਵਿੱਚ ਤੇਜ਼ ਰਫ਼ਤਾਰ ਦੇਖਣ ਨੂੰ ਮਿਲੀ ਏ।

--------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਐਲਾਨਿਆ ਗਿਆ GST ਬਚਤ ਉਤਸਵ, ਜੋ ਇਸ ਮਹੀਨੇ ਦੀ 22 ਤਰੀਕ ਨੂੰ ਸ਼ੁਰੂ ਹੋਇਆ ਸੀ, ਸਮਾਜ ਦੇ ਸਾਰੇ ਵਰਗਾਂ ਨੂੰ ਲਾਭ ਪਹੁੰਚਾ ਰਿਹਾ ਏ। ਅਗਲੀ ਪੀੜ੍ਹੀ ਦੇ GST ਸੁਧਾਰ ਭਾਰਤ ਦੀ ਅਸਿੱਧੀ ਟੈਕਸ ਪ੍ਰਣਾਲੀ ਨੂੰ ਸਰਲ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਨੇ। ਇਹ ਸੁਧਾਰ ਵੱਖ-ਵੱਖ ਵਸਤਾਂ ਅਤੇ ਸੇਵਾਵਾਂ 'ਤੇ ਟੈਕਸ ਦਰਾਂ ਘਟਾ ਕੇ,ਨਾਗਰਿਕਾਂ ਨੂੰ ਕਾਫ਼ੀ ਰਾਹਤ ਦੇ ਰਹੇ

ਨੇ। ਅੱਜ ਅਸੀਂ ਦਸਤਕਾਰੀ ਵਸਤਾਂ 'ਤੇ GST ਕਟੌਤੀ ਬਾਰੇ ਇੱਕ ਰਿਪੋਰਟ ਪੇਸ਼ ਕਰ ਰਹੇ ਹਾਂ।

ਇੱਕ ਰਿਪੋਰਟ-

ਅਗਲੀ ਪੀੜ੍ਹੀ ਦੇ GST ਸੁਧਾਰਾਂ ਤਹਿਤ, ਸਰਕਾਰ ਨੇ ਵਪਾਰੀਆਂ, ਕਾਰੀਗਰਾਂ ਅਤੇ ਖਪਤਕਾਰਾਂ 'ਤੇ ਮਾਲੀ ਬੋਝ ਨੂੰ ਘੱਟ ਕਰਨ ਲਈ ਦਸਤਕਾਰੀ ਖੇਤਰ ਵਿੱਚ ਮਹੱਤਵਪੂਰਨ ਟੈਕਸ ਕਟੌਤੀਆਂ ਪੇਸ਼ ਕੀਤੀਆਂ ਨੇ. ਸਿਰੇਮਿਕ ਦੇ ਬਰਤਨ ਅਤੇ ਜਾਰ, ਨਾਲ ਹੀ ਪੋਰਸਿਲਲਿਨ ਅਤੇ ਟੈਰਾਕੋਟਾ ਦੇ ਭਾਂਡੇ ਅਤੇ ਰਸੋਈ ਦੇ ਹੋਰ ਭਾਂਡਿਆਂ ਵਰਗੀਆਂ ਰੋਜ਼ਾਨਾ ਦੀਆਂ ਵਸਤਾਂ 'ਤੇ ਹੁਣ ਸਿਰਫ਼ 5 ਫੀਸਦੀ ਟੈਕਸ ਲਗੇਗਾ, ਜੋ ਪਹਿਲਾਂ 12 ਫੀਸਦੀ ਸੀ। ਇਸ ਕਦਮ ਨਾਲ ਘਰੇਲੂ ਖਰਚੇ ਘੱਟ ਹੋਣਗੇ ਅਤੇ ਰਸੋਈ ਦੀਆਂ ਜ਼ਰੂਰੀ ਚੀਜ਼ਾਂ ਹੋਰ ਕਿਫਾਇਤੀ ਬਣ ਜਾਣਗੀਆਂ। ਇਸੇ ਤਰ੍ਹਾਂ, ਦਸਤਕਾਰੀ ਖੇਤਰ ਵਿੱਚ, ਮੂਰਤੀਆਂ, ਸਜਾਵਟੀ ਸਿਰੇਮਿਕਸ, ਜਿਸ ਵਿੱਚ blue pottery, ਅਤੇ ਸਜਾਵਟੀ ਫਰੇਮਾਂ ਵਾਲੇ ਸ਼ੀਸ਼ਿਆਂ 'ਤੇ GST ਦਰਾਂ ਨੂੰ 12 ਫੀਸਦੀ ਤੋਂ ਘਟਾ ਕੇ 5 ਪ੍ਰਤੀਸ਼ਤ ਕਰ ਦਿੱਤਾ ਗਿਆ ਏ, ਜਿਸ ਨਾਲ ਕਾਰੀਗਰਾਂ ਅਤੇ ਰਵਾਇਤੀ ਸ਼ਿਲਪਕਾਰੀ ਬਾਜ਼ਾਰਾਂ ਨੂੰ ਸਿੱਧਾ ਹੁਲਾਰਾ ਮਿਲਿਆ ਏ । ਮੂਰਤੀਆਂ, ਫੁੱਲਦਾਨ, ਜਾਰ, ਅਤੇ ਸਜਾਵਟੀ ਵਸਤਾਂ ਸਮੇਤ ਕੱਚ ਦੀਆਂ ਕਲਾਕ੍ਰਿਤਾਂ, ‘ਤੇ ਹੁਣ ਸਿਰਫ 5 ਫੀਸਦੀ ਲਗਦਾ ਏ, ਜਿਸ ਨਾਲ ਭਾਰਤ ਦੇ ਹੱਥ ਨਾਲ ਬਣੇ ਕੱਚ ਦੇ ਕੰਮ ਖਪਤਕਾਰਾਂ ਲਈ ਵਧੇਰੇ ਪਹੁੰਚਯੋਗ ਬਣ ਜਾਂਦੇ ਨੇ. ਇਹਨਾਂ ਸ਼੍ਰੇਣੀਆਂ ਵਿੱਚ ਲਾਗਤਾਂ ਨੂੰ ਘਟਾ ਕੇ, ਇਹ ਸੁਧਾਰ ਨਾ ਸਿਰਫ਼ ਪਰਿਵਾਰਾਂ 'ਤੇ ਮਾਲੀ ਬੋਝ ਨੂੰ ਘੱਟ ਕਰਦਾ ਏ ਸਗੋਂ ਭਾਰਤ ਦੇ ਅਮੀਰ ਦਸਤਕਾਰੀ ਵਿਰਸੇ ਦੀ ਮੰਗ ਨੂੰ ਵੀ ਮਜ਼ਬੂਤ ਕਰਦਾ ਏ ।

---------------------------------------------------------------------

ਕੇਂਦਰੀ ਰਾਜ ਮੰਤਰੀ ਅਜੇ ਟਮਟਾ ਨੇ ਤਰਨਤਾਰਨ ਦੇ ਹੜ ਪ੍ਰਭਾਵਿਤ ਪਿੰਡਾਂ ਦਾ ਦੌਰਾ ਕੀਤਾ ਅਤੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਕੇਂਦਰ ਸਰਕਾਰ ਉਹਨਾਂ ਦੇ ਮੁੜਵਸੇਬੇ ਲਈ ਉਪਰਾਲੇ ਕਰ ਰਹੀ ਏ I ਊਨਾ ਲੋਕਾਂ ਨਾਲ ਗੱਲਬਾਤ ਵੀ ਕੀਤੀ I ਕੇਂਦਰੀ ਮੰਤਰੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦਸਿਆ

BYTE

---------------------------------------------------------------------

ਪੰਜਾਬ ਦੇ ਪਿੰਡਾਂ ਵਿੱਚ ਰਹਿਣ ਵਾਲੀਆਂ ਮਹਿਲਾਵਾਂ ਨੂੰ ਸਸ਼ਕਤ ਬਣਾਉਣ ਅਤੇ ਰਵਾਇਤੀ ਕਾਰੀਗਰੀ ਨੂੰ ਉਤਸ਼ਾਹਿਤ ਕਰਨ ਦੀ ਦਿਸ਼ਾ ਵਿੱਚ ਅਹਿਮ ਕਦਮ ਚੁੱਕਦਿਆਂ, ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਵੱਲੋਂ ਅੱਜ "ਪਹਿਲ ਮਾਰਟ" ਦਾ ਉਦਘਾਟਨ ਕੀਤਾ ਗਿਆ ਏ । ਇਹ ਮਾਰਟ ਪੰਜਾਬ ਦੇ ਦਿਹਾਤੀ ਖੇਤਰਾਂ ਦੇ ਸਵੈ-ਸਹਾਇਤਾ ਸਮੂਹਾਂ ਵੱਲੋਂ ਤਿਆਰ ਦਸਤੀ ਵਸਤਾਂ ਅਤੇ ਜੈਵਿਕ ਉਤਪਾਦਾਂ ਨੂੰ ਸਮਰਪਿਤ ਇੱਕ ਵਿਸ਼ੇਸ਼ ਬਾਜ਼ਾਰ ਏ । ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ

ਤਰੁਨਪ੍ਰੀਤ ਸਿੰਘ ਸੌਂਦ ਨੇ ਪੰਜਾਬ ਸਿਵਲ ਸਕੱਤਰੇਤ ਵਿਚ  ਇਸਦਾ ਉਦਘਾਟਨ ਕੀਤਾ । ਇਹ "ਪਹਿਲ ਮਾਰਟ" ਲੋਕਾਂ ਨੂੰ ਪੰਜਾਬ ਦੀ ਅਮੀਰ ਵਿਰਾਸਤ ਦਾ ਵਿਲੱਖਣ ਤਜਰਬਾ ਪ੍ਰਦਾਨ ਕਰਦਾ ਏ  ਅਤੇ ਦਿਹਾਤੀ ਕਾਰੀਗਰਾਂ ਦੇ ਸਮਰਪਣ ਅਤੇ ਨਵੀਨਤਾ ਨੂੰ ਦਰਸਾਉਂਦਿਆਂ ਜੈਵਿਕ ਉਤਪਾਦਾਂ ਦੀ ਇੱਕ ਲੜੀ ਪੇਸ਼ ਕਰਦਾ ਏ। ਇਸ ਮਾਰਟ 'ਤੇ ਉਪਲਬਧ ਮੁੱਖ ਉਤਪਾਦਾਂ ਵਿੱਚ ਫੁਲਕਾਰੀ, ਸੂਟ, ਜੁੱਤੀਆਂ, ਸ਼ਹਿਦ, ਅਚਾਰ, ਸਕੁਐਸ਼, ਸਿਰਕਾ, ਤੇਲ, ਮਸਾਲੇ, ਕਣਕ ਦਾ ਆਟਾ, ਪਾਪੜ ਸ਼ਾਮਲ ਨੇ। ਸ੍ਰੀ ਸੌਂਦ ਨੇ ਮਾਰਟ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਆਤਮ -ਨਿਰਭਰਤਾ, ਪੇਂਡੂ ਵਿਕਾਸ ਅਤੇ ਮਹਿਲਾ ਸਸ਼ਕਤੀਕਰਨ ਵੱਲ ਇੱਕ ਸਾਰਥਕ ਕਦਮ ਏ । ਉਨ੍ਹਾਂ ਕਿਹਾ ਕਿ ਪਹਿਲ ਮਾਰਟ ਪੰਜਾਬ ਦੀਆਂ ਪੇਂਡੂ ਔਰਤਾਂ ਦੀ ਰਚਨਾਤਮਕਤਾ ਅਤੇ ਉੱਦਮੀ ਭਾਵਨਾ ਦਾ ਪ੍ਰਤੱਖ ਪ੍ਰਮਾਣ ਏ। ਉਨ੍ਹਾਂ ਕਿਹਾ ਕਿ ਇਹ ਮਾਰਟ ਆਤਮ -ਸਹਾਇਤਾ ਸਮੂਹਾਂ ਨੂੰ ਨਵੇਂ ਬਾਜ਼ਾਰਾਂ ਤੱਕ ਲੈ ਜਾਣ ਅਤੇ ਸਥਾਈ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਏਗਾ। ਉਨ੍ਹਾਂ ਆਸ ਪ੍ਰਗਟਾਈ ਕਿ ਇਹ ਮੰਚ ਹੋਰਨਾਂ ਔਰਤਾਂ ਨੂੰ

ਸਵੈ-ਰੁਜ਼ਗਾਰ ਅਪਣਾਉਣ ਲਈ ਪ੍ਰੇਰਿਤ ਕਰੇਗਾ ਜਿਸ ਨਾਲ ਭਾਈਚਾਰਕ ਪ੍ਰਗਤੀ ਵਿੱਚ ਵਾਧਾ ਹੋਵੇਗਾ।

--------------------------------------------------------------------

ਉੱਤਰੀ ਰੇਲਵੇ ਨੇ ਤਿਉਹਾਰਾਂ ਦੇ ਸੀਜ਼ਨ ਤੋਂ ਪਹਿਲਾਂ ਮੁਸਾਫ਼ਰਾਂ ਨੂੰ ਵੱਡੀ ਰਾਹਤ ਦਿੰਦਿਆਂ, ਕੱਲ੍ਹ ਤੋਂ 8 ਅਕਤੂਬਰ ਤੱਕ ਜੰਮੂ ਤੋਂ 16 ਰੇਲਗੱਡੀਆਂ ਮੁੜ ਸ਼ੁਰੂ ਕਰਨ ਦਾ ਐਲਾਨ ਕੀਤਾ ਏ। ਇਸ ਸਾਲ ਅਗਸਤ ਵਿੱਚ ਆਏ ਭਿਆਨਕ ਹੜ੍ਹਾਂ ਕਾਰਨ ਕਈ ਪ੍ਰਮੁੱਖ ਰੂਟਾਂ 'ਤੇ ਵਿਘਨ ਪੈਣ ਤੋਂ ਬਾਅਦ ਇਨ੍ਹਾਂ ਰੇਲ ਸੇਵਾਵਾਂ ਨੂੰ ਮੁਅੱਤਲ ਕਰ ਦਿੱਤਾ ਗਿਆ ਸੀ। ਨੁਕਸਾਨੇ ਗਏ ਪੁਲਾਂ ਦੀ ਮੁਰੰਮਤ ਦਾ ਕੰਮ ਹੁਣ ਪੂਰਾ ਹੋ ਗਿਆ ਏ , ਜਿਸ ਨਾਲ ਸੁਰੱਖਿਅਤ ਰੇਲ ਆਵਾਜਾਈ ਸੰਭਵ ਹੋ ਸਕੀ ਏ। ਬਹਾਲ ਕੀਤੀਆਂ ਜਾ ਰਹੀਆਂ ਸੇਵਾਵਾਂ ਵਿੱਚ ਜੰਮੂ ਤਵੀ-ਕਾਨਪੁਰ ਸੈਂਟਰਲ, ਜੰਮੂ ਤਵੀ-ਬਰੌਨੀ, ਜੰਮੂ ਤਵੀ-ਗੁਹਾਟੀ ਅਮਰਨਾਥ, ਜੰਮੂ ਤਵੀ-ਗੋਰਖਪੁਰ, ਜੰਮੂ ਤਵੀ-ਯੋਗ-ਨਗਰੀ ਰਿਸ਼ੀਕੇਸ਼, ਜੰਮੂ ਤਵੀ-ਸਿਆਲਦਾਹ ਅਤੇ ਜੰਮੂ ਤਵੀ-ਭਾਗਲਪੁਰ ਸ਼ਾਮਲ ਹਨ। ਇਨ੍ਹਾਂ ਲੰਬੀ ਦੂਰੀ ਦੀਆਂ ਰੇਲਗੱਡੀਆਂ ਦੇ ਮੁੜ ਸ਼ੁਰੂ ਹੋਣ ਨਾਲ ਸਫ਼ਰ ਵਿਚ ਭੀੜ ਘੱਟ ਹੋਵੇਗੀ ਅਤੇ ਤਿਉਹਾਰਾਂ ਦੇ

ਸੀਜ਼ਨ ਦੌਰਾਨ ਮੁਸਾਫ਼ਰਾਂ ਨੂੰ ਆਪਣੀ ਯਾਤਰਾ ਦੀ ਯੋਜਨਾ ਬਣਾਉਣ ਵਿੱਚ ਮਦਦ ਮਿਲੇਗੀ।

----------------------------------------------------------------

ਬਠਿੰਡਾ ਦੀ 8 ਸਾਲਾਂ ਵਿਦਿਆਰਥਣ ਇਬਾਦਤ ਕੌਰ ਨੇ ਇੱਕ ਨਵਾਂ ਇੰਡੀਆ ਬੁੱਕ ਰਿਕਾਰਡ ਬਣਾ ਕੇ ਸੂਬੇ ਅਤੇ ਸ਼ਹਿਰ ਦਾ ਨਾਮ ਰੋਸ਼ਨ ਕੀਤਾ । ਸ਼ਾਰਪ ਬ੍ਰੇਨਸ ਸੰਸਥਾ ਦੇ ਡਾਇਰੈਕਟਰ ਰੰਜੀਵ ਗੋਇਲ ਨੇ ਦੱਸਿਆ ਕਿ ਤੀਜੀ ਜਮਾਤ ਦੀ ਵਿਦਿਆਰਥਣ ਇਬਾਦਤ ਕੌਰ ਸਿੱਧੂ ਨੇ ਅੰਗਰੇਜ਼ੀ ਦੇ 100 ਸ਼ਬਦਾਂ ਨੂੰ ਸੰਖੇਪ ਰੂਪ ਅਤੇ ਪੂਰਣ ਰੂਪ ਵਿੱਚ ਅੱਖਾਂ ਤੇ ਪੱਟੀ ਬੰਨ ਕੇ ਮੂੰਹ ਜੁਬਾਨੀ 1 ਮਿੰਟ 56 ਸੈਕੰਡ ਵਿੱਚ ਸੁਣਾ ਕੇ ਇਹ ਨਵਾਂ ਰਿਕਾਰਡ ਬਣਾਇਆ ਏ। ਉਸ ਨੇ ਇਸ ਦੀ ਤਿਆਰੀ ਅਬੈਕਸ ਵਿਧੀ ਦੇ ਨਾਲ ਆਪਣੀ ਗਤੀ ਅਤੇ ਧਿਆਨ ਨੂੰ ਵਧਾ ਕੇ ਕੀਤੀ ਏ , ਜਿਸ ਦੇ ਲਈ ਕਰੀਬ ਉਸ ਨੂੰ 5 ਮਹੀਨੇ ਦਾ ਸਮਾਂ ਲੱਗਿਆ ਏ । ਇੰਡੀਆ ਬੁੱਕ ਆਫ ਰਿਕਾਰਡ ਨੇ ਇਸ ਰਿਕਾਰਡ ਦੀ ਪੁਸ਼ਟੀ ਕਰਦਿਆਂ ਉਸਨੂੰ ਸਰਟੀਫਿਕੇਟ ਅਤੇ ਮੈਡਲ ਨਾਲ ਨਿਵਾਜਿਆ ਏ । ਬਠਿੰਡਾ ਦੇ

ਐਸ.ਐਸ.ਪੀ ਅਮਨੀਤ ਕੋਂਡਲ ਨੇ ਅੱਜ ਆਪਣੇ ਦਫਤਰ ਵਿੱਚ ਇਬਾਦਤ ਕੌਰ ਸਿੱਧੂ ਨੂੰ ਰਿਕਾਰਡ ਬਣਾਉਣ ਤੇ ਸਨਮਾਨਿਤ ਕੀਤਾ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਰਾਸ਼ਟਰੀ ਸਵੈਮ ਸੇਵਕ ਸੰਘ ਦੇ ਸ਼ਤਾਬਦੀ ਸਮਾਰੋਹਾਂ ਵਿੱਚ ਹਿੱਸਾ ਲਿਆ ਅਤੇ ਇਕ ਯਾਦਗਾਰੀ ਡਾਕ ਟਿਕਟ ਤੇ ਸਿੱਕਾ ਵੀ ਜਾਰੀ ਕੀਤਾ।
- ਕੇਂਦਰੀ ਮੰਤਰੀ ਮੰਡਲ ਵਲੋਂ ਕਈ ਅਹਿਮ ਫੈਸਲੇ- ਕੇਂਦਰ ਸਰਕਾਰ ਦੇ ਕਰਮਚਾਰੀਆਂ ਲਈ ਮਹਿੰਗਾਈ ਭੱਤੇ ਅਤੇ ਪੈਨਸ਼ਨਰਾਂ ਲਈ ਮਹਿੰਗਾਈ ਰਾਹਤ ਵਿੱਚ ਤਿੰਨ ਫੀਸਦੀ ਵਾਧੇ ਅਤੇ ਦਾਲਾਂ ਵਿੱਚ ਆਤਮ -ਨਿਰਭਰਤਾ ਮਿਸ਼ਨ ਨੂੰ ਮਨਜ਼ੂਰੀ ।
- ਕੇਂਦਰੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਨੇ ਕਿਹਾ -ਕੇਂਦਰ ਸਰਕਾਰ ਹੜ੍ਹਾਂ ਦਾ ਸਾਹਮਣਾ ਕਰਨ ਤੋਂ ਬਾਅਦ ਪੰਜਾਬ 'ਚ ਹਾਲਾਤ ਮੁੜ ਆਮ ਵਾਂਗ ਕਰਨ ਵਿੱਚ ਕੋਈ ਕਸਰ ਨਹੀਂ ਛੱਡ ਰਹੀ ਏ।

- ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਪੰਜਾਬ ਦੀ ਪੇਂਡੂ ਪ੍ਰਤਿਭਾ ਅਤੇ ਮਹਿਲਾ ਸਸ਼ਕਤੀਕਰਨ ਨੂੰ ਉਤਸ਼ਾਹਿਤ ਕਰਨ ਲਈ "ਪਹਿਲ ਮਾਰਟ" ਦਾ ਉਦਘਾਟਨ।
- ਉੱਤਰੀ ਰੇਲਵੇ ਨੇ ਤਿਉਹਾਰਾਂ ਦੇ ਸੀਜ਼ਨ ਤੋਂ ਪਹਿਲਾਂ ਮੁਸਾਫ਼ਰਾਂ ਦੀ ਸਹੂਲਤ ਲਈ ਕੱਲ੍ਹ ਤੋਂ 8 ਅਕਤੂਬਰ ਤੱਕ, ਜੰਮੂ ਤੋਂ 16 ਰੇਲਗੱਡੀਆਂ ਮੁੜ ਸ਼ੁਰੂ ਕਰਨ ਦਾ ਕੀਤਾ ਐਲਾਨ।

---

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,**

**ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**